# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**19:30**

**ਮਿਤੀ :12-09-2026**

***<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>***

- 18ਵਾਂ ਬ੍ਰਿਕਸ ਸਿਖ਼ਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋਇਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਭਾਰਤ ਦੀ ਬ੍ਰਿਕਸ ਪ੍ਰਧਾਨਗੀ, ਲੋਕ-ਕੇਂਦਰਿਤ ਪਹੁੰਚ 'ਤੇ ਅਧਾਰਤ ਏ।

- ਸਿਖ਼ਰ ਸੰਮੇਲਨ ਦੇ ਪਹਿਲੇ ਦਿਨ, ਅਪਣਾਏ ਗਏ ਨਵੀਂ ਦਿੱਲੀ ਐਲਾਨਨਾਮੇ ਵਿੱਚ, ਬ੍ਰਿਕਸ ਦੇਸ਼ਾਂ ਨੇ ਦੁਨੀਆ ਦੇ ਕਈ ਹਿੱਸਿਆਂ ਵਿੱਚ ਟਕਰਾਅ ਅਤੇ ਅੰਤਰਰਾਸ਼ਟਰੀ ਨਿਜ਼ਾਮ ਵਿੱਚ ਵਧ ਰਹੇ ਧਰੁਵੀਕਰਨ ਅਤੇ ਧੜੇਬੰਦੀ 'ਤੇ ਚਿੰਤਾ ਪ੍ਰਗਟ ਕੀਤੀ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ 18ਵੇਂ ਬ੍ਰਿਕਸ ਸੰਮੇਲਨ ਦੌਰਾਨ, ਕਈ ਦੇਸ਼ਾਂ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ।

- NIA ਨੇ ਜੰਮੂ-ਕਸ਼ਮੀਰ ਵਿੱਚ, ਪਾਬੰਦੀਸ਼ੁਦਾ ਦਹਿਸ਼ਤਗਰਦ ਧੜੇ, ਲਸ਼ਕਰ-ਏ-ਤਾਇਬਾ ਨਾਲ ਜੁੜੇ ਨੈੱਟਵਰਕ ਦੇ ਮਾਮਲੇ ਵਿੱਚ ਤਲਾਸ਼ੀ ਮੁਹਿੰਮ ਚਲਾਈ।

- ਭਾਰਤ, ਦੱਖਣੀ ਕੋਰੀਆ ਨੂੰ 5-1 ਨਾਲ ਹਰਾ ਕੇ, ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ।

## ***ਹੁਣ ਖਬਰਾਂ ਵਿਸਥਾਰ ਨਾਲ***

ਬ੍ਰਿਕਸ ਦੇਸ਼ਾਂ ਨੇ ਦੁਨੀਆ ਦੇ ਕਈ ਹਿੱਸਿਆਂ ਵਿੱਚ ਟਕਰਾਅ ਅਤੇ ਅੰਤਰਰਾਸ਼ਟਰੀ ਪ੍ਰਣਾਲੀ ਵਿੱਚ ਵਧ ਰਹੇ ਧਰੁਵੀਕਰਨ ਅਤੇ ਧੜੇਬੰਦੀ 'ਤੇ ਚਿੰਤਾ ਪ੍ਰਗਟ ਕੀਤੀ। ਸਿਖਰ ਸੰਮੇਲਨ ਦੇ ਪਹਿਲੇ ਦਿਨ ਅਪਣਾਏ ਗਏ ਨਵੀਂ ਦਿੱਲੀ ਐਲਾਨਨਾਮੇ ਵਿੱਚ, ਬ੍ਰਿਕਸ ਨੇਤਾਵਾਂ ਨੇ ਫੌਜੀ ਖਰਚਿਆਂ ਵਿੱਚ ਲਗਾਤਾਰ ਵਾਧੇ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਨੇ ਇੱਕ ਬਹੁਪੱਖੀ ਪਹੁੰਚ ਦੀ ਮੰਗ ਕੀਤੀ, ਜੋ ਨਿਰੰਤਰ ਵਿਕਾਸ, ਭੁੱਖਮਰੀ ਅਤੇ

ਗਰੀਬੀ ਦੇ ਖਾਤਮੇ ਅਤੇ ਜਲਵਾਯੂ ਤਬਦੀਲੀ ਵਰਗੇ, ਮਹੱਤਵਪੂਰਨ ਆਲਮੀ ਮੁੱਦਿਆਂ 'ਤੇ ਸਾਰੇ ਦੇਸ਼ਾਂ ਦੇ ਦ੍ਰਿਸ਼ਟੀਕੋਣਾਂ ਦਾ ਸਤਿਕਾਰ ਹੋਵੇ।

ਬ੍ਰਿਕਸ ਦੇਸ਼ਾਂ ਨੇ, ਪੱਛਮੀ ਏਸ਼ੀਆ ਵਿੱਚ ਵਧ ਰਹੇ ਤਣਾਅ 'ਤੇ ਵੀ ਡੂੰਘੀ ਚਿੰਤਾ ਪ੍ਰਗਟ ਕੀਤੀ ਅਤੇ ਅਜਿਹੀ ਕਿਸੇ ਵੀ ਕਾਰਵਾਈ ਤੋਂ ਬਚਣ ਦਾ ਸੱਦਾ ਦਿੱਤਾ ਜੋ ਹਾਲਤ ਨੂੰ ਹੋਰ ਵਿਗਾੜ ਸਕਦੀ ਏ। ਉਨ੍ਹਾਂ ਨੇ ਸੰਯੁਕਤ ਰਾਸ਼ਟਰ ਚਾਰਟਰ ਦੇ ਉਦੇਸ਼ਾਂ ਅਤੇ ਸਿਧਾਂਤਾਂ ਦੇ ਅਨੁਸਾਰ ਨਾਗਰਿਕਾਂ ਅਤੇ ਨਾਗਰਿਕ ਬੁਨਿਆਦੀ ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਲਾਕੇ ਵਿੱਚ ਸਥਾਈ ਸ਼ਾਂਤੀ, ਸੁਰੱਖਿਆ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ, ਗੱਲਬਾਤ ਅਤੇ ਕੂਟਨੀਤੀ ਰਾਹੀਂ, ਲੰਬੇ ਸਮੇਂ ਦੀ ਸਮਝ ਵਿਕਸਤ ਕਰਨ ਲਈ, ਯਤਨ ਤੇਜ਼ ਕਰਨ ਦਾ ਵੀ ਸੱਦਾ ਦਿੱਤਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੈਸ਼ਨ ਦੇ ਅੰਤ ਵਿੱਚ ਇਸ ਐਲਾਨਨਾਮੇ ਨੂੰ ਅਪਣਾਉਣ ਦੀ ਤਜਵੀਜ਼ ਰੱਖੀ। ਆਪਣੇ ਸਮਾਪਤੀ ਭਾਸ਼ਣ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੀਂ ਦਿੱਲੀ ਐਲਾਨਨਾਮਾ ਮੈਂਬਰ, ਦੇਸ਼ਾਂ ਦੇ ਸਾਂਝੇ ਸੰਕਲਪ ਨੂੰ ਸਪੱਸ਼ਟ ਦਿਸ਼ਾ ਪ੍ਰਦਾਨ ਕਰਦਾ ਏ।

**BYTE: PM NEW DELHI DECLARATION**

ਸ਼੍ਰੀ ਮੋਦੀ ਨੇ ਕਿਹਾ ਕਿ ਫੈਸਲਿਆਂ ਅਤੇ ਉਨ੍ਹਾਂ ਦੇ ਨਤੀਜਿਆਂ ਵਿਚਕਾਰ ਪਾੜੇ ਨੂੰ ਭਾਈਵਾਲੀ ਅਤੇ ਸਮੂਹਿਕ ਕਾਰਵਾਈ ਰਾਹੀਂ ਪੂਰਾ ਕੀਤਾ ਜਾਣਾ ਚਾਹੀਦਾ ਏ। ਉਨ੍ਹਾਂ ਨੇ ਭਾਰਤ ਦੀ ਬ੍ਰਿਕਸ ਪ੍ਰਧਾਨਗੀ ਦੌਰਾਨ ਮੈਂਬਰ ਦੇਸ਼ਾਂ ਦੇ ਕੀਮਤੀ ਯੋਗਦਾਨ, ਰਚਨਾਤਮਕ ਭਾਵਨਾ ਅਤੇ ਵਚਨਬੱਧਤਾ ਲਈ ਧੰਨਵਾਦ ਪ੍ਰਗਟ ਕੀਤਾ।

ਬ੍ਰਿਕਸ ਦੀ 20ਵੀਂ ਵਰ੍ਹੇਗੰਢ ਮਨਾਉਣ ਲਈ, ਮੈਂਬਰ ਦੇਸ਼ਾਂ ਦੇ ਨੇਤਾਵਾਂ ਨੇ ਦੋ ਯਾਦਗਾਰੀ ਡਾਕ ਟਿਕਟਾਂ ਵੀ ਜਾਰੀ ਕੀਤੀਆਂ।

ਪਹਿਲਾਂ ਦਿਨੇ, ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ 18ਵਾਂ ਬ੍ਰਿਕਸ ਸਿਖਰ ਸੰਮੇਲਨ ਸ਼ੁਰੂ ਹੋਇਆ। ਸਿਖਰ ਸੰਮੇਲਨ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਬ੍ਰਿਕਸ (BRICS) ਨੇ ਪਿਛਲੇ 20 ਸਾਲਾਂ ਵਿੱਚ ਵਿਸ਼ਵ ਪੱਧਰ 'ਤੇ ਆਪਣੀ ਇੱਕ ਵੱਖਰੀ ਪਛਾਣ ਬਣਾਈ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਬ੍ਰਿਕਸ (BRICS) ਪ੍ਰਧਾਨਗੀ ਲੋਕ-ਕੇਂਦਰਿਤ ਪਹੁੰਚ 'ਤੇ ਅਧਾਰਤ ਹੈ ਜੋ ਮਨੁੱਖਤਾ ਨੂੰ ਤਰਜੀਹ ਦਿੰਦੀ ਏ। ਉਨ੍ਹਾਂ ਨੇ ਬ੍ਰਿਕਸ ਸਹਿਯੋਗ ਨੂੰ ਸਿੱਧੇ ਤੌਰ 'ਤੇ ਆਮ ਲੋਕਾਂ ਨਾਲ ਜੋੜਨ 'ਤੇ ਵਿਸ਼ੇਸ਼ ਜ਼ੋਰ ਦਿੱਤਾ।

**BYTE: PM PRIRORITIES**

ਪ੍ਰਧਾਨ ਮੰਤਰੀ ਨੇ ਕਿਹਾ ਕਿ ਬ੍ਰਿਕਸ ਕਿਸੇ ਵੀ ਦੇਸ਼ ਦੇ ਖਿਲਾਫ ਨਹੀਂ ਏ। ਉਨ੍ਹਾਂ ਨੇ ਵਧੇਰੇ ਪ੍ਰਤੀਨਿਧਤਾ ਵਾਲੀ ਅਤੇ ਸਮਾਵੇਸ਼ੀ ਵਿਸ਼ਵ ਸ਼ਾਸਨ ਪ੍ਰਣਾਲੀ ਦੀ ਲੋੜ 'ਤੇ ਜ਼ੋਰ ਦਿੱਤਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ 18ਵੇਂ ਬ੍ਰਿਕਸ ਸੰਮੇਲਨ ਤੋਂ ਅਲੱਗ ਇਥੋਪੀਆ, ਮਲੇਸ਼ੀਆ ਅਤੇ ਵੀਅਤਨਾਮ ਦੇ ਪ੍ਰਧਾਨ ਮੰਤਰੀਆਂ ਦੇ ਨਾਲ-ਨਾਲ ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ। ਸ਼੍ਰੀ ਮੋਦੀ ਨੇ ਪਹਿਲਾਂ ਇਥੋਪੀਆ ਦੇ ਪ੍ਰਧਾਨ ਮੰਤਰੀ ਡਾ. ਅਬੀ ਅਹਿਮਦ ਅਲੀ ਨਾਲ ਮੁਲਾਕਾਤ ਕੀਤੀ। ਦੋਵਾਂ ਨੇਤਾਵਾਂ ਨੇ ਆਰਥਿਕ ਸਹਿਯੋਗ, ਰੱਖਿਆ ਅਤੇ ਸੁਰੱਖਿਆ ਅਤੇ ਸਮਰੱਥਾ ਨਿਰਮਾਣ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੁਵੱਲੀ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਬਾਰੇ ਚਰਚਾ ਕੀਤੀ। ਦੋਵਾਂ ਆਗੂਆਂ ਨੇ, ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ।

ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਆਪਣੀ ਮੁਲਾਕਾਤ ਵਿੱਚ, ਦੋਵਾਂ ਨੇਤਾਵਾਂ ਨੇ ਵਪਾਰ ਅਤੇ ਨਿਵੇਸ਼, ਰੱਖਿਆ ਅਤੇ ਸੁਰੱਖਿਆ, ਅਤੇ ਲੋਕਾਂ ਵਿਚਕਾਰ ਸੰਪਰਕ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਦੀ ਸਮੀਖਿਆ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਆਸੀਆਨ-ਭਾਰਤ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਮਲੇਸ਼ੀਆ ਦੇ ਸਮਰਥਨ ਦੀ ਸ਼ਲਾਘਾ ਕੀਤੀ। ਵੀਅਤਨਾਮੀ ਪ੍ਰਧਾਨ ਮੰਤਰੀ ਲੀ ਮਿਨਹ ਹੰਗ ਨਾਲ ਆਪਣੀ ਮੁਲਾਕਾਤ ਵਿੱਚ, ਸ਼੍ਰੀ ਮੋਦੀ ਨੇ ਬ੍ਰਿਕਸ ਵਿੱਚ ਇੱਕ ਭਾਈਵਾਲ ਦੇਸ਼ ਵਜੋਂ ਵੀਅਤਨਾਮ ਦੀ ਭਾਗੀਦਾਰੀ ਦਾ ਸਵਾਗਤ ਕੀਤਾ। ਦੋਵਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ ਦੀ ਪ੍ਰਗਤੀ ਅਤੇ ਖੇਤਰੀ ਅਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਚਰਚਾ ਕੀਤੀ।

ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨਾਲ ਮੁਲਾਕਾਤ ਵਿੱਚ, ਦੋਵਾਂ ਧਿਰਾਂ ਨੇ ਭਾਰਤ-ਯੂਏਈ ਵਿਆਪਕ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਦੋਵਾਂ ਆਗੂਆਂ ਨੇ ਸਾਂਝੇ ਹਿੱਤਾਂ ਅਤੇ ਬ੍ਰਿਕਸ ਸਹਿਯੋਗ ਨੂੰ ਅੱਗੇ ਵਧਾਉਣ ਲਈ ਮਿਲ ਕੇ ਕੰਮ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨਾਲ ਮੁਲਾਕਾਤ ਕੀਤੀ। ਈਰਾਨੀ ਰਾਸ਼ਟਰਪਤੀ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਭਾਰਤ ਦੇ ਦੌਰੇ 'ਤੇ ਨੇ।

------------------------------------------------------------

ਰਾਸ਼ਟਰੀ ਜਾਂਚ ਏਜੰਸੀ (NIA) ਨੇ ਅੱਜ ਜੰਮੂ-ਕਸ਼ਮੀਰ ਦੇ ਕੁਪਵਾੜਾ, ਕੁਲਗਾਮ, ਬਾਂਦੀਪੋਰਾ, ਬਾਰਾਮੂਲਾ ਅਤੇ ਸੋਪੋਰ ਸਮੇਤ 10 ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ। ਇਹ ਤਲਾਸ਼ੀਆਂ ਪਾਬੰਦੀਸ਼ੁਦਾ ਦਹਿਸ਼ਤਗਰਦੀ ਧੜੇ ਲਸ਼ਕਰ-ਏ-ਤਾਇਬਾ ਦੇ ਪਾਕਿਸਤਾਨ ਸਥਿਤ ਹੈਂਡਲਰਾਂ ਅਤੇ ਕਥਿਤ ਸਥਾਨਕ ਓਵਰਗਰਾਊਂਡ ਕਾਰਕੁੰਨਾਂ ਦੇ ਨੈੱਟਵਰਕ ਨਾਲ ਜੁੜੇ ਸਰਹੱਦ ਪਾਰ ਦਹਿਸ਼ਤਗਰਦ ਯੋਜਨਾਵਾਂ ਦੇ ਮਾਮਲੇ 'ਚ ਲਈਆਂ ਗਈਆਂ।

ਤਲਾਸ਼ੀਆਂ ਦੌਰਾਨ, ਮਾਮਲੇ ਨਾਲ ਸਬੰਧਤ ਹੋਰ ਇਤਰਾਜ਼ਯੋਗ ਸਮੱਗਰੀ ਜ਼ਬਤ ਕੀਤੀ ਗਈ, ਜਿਸਦੀ ਜਾਂਚ ਕੀਤੀ ਜਾ ਰਹੀ ਏ।

NIA ਨੇ ਕਿਹਾ ਕਿ ਇਸ ਸਾਲ 31 ਮਾਰਚ ਨੂੰ ਇੱਕ ਓਵਰਗ੍ਰਾਊਂਡ ਕਾਰਕੁੰਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਜਾਂਚ ਸ਼ੁਰੂ ਕੀਤੀ ਗਈ ਸੀ, ਜਿਸ ਤੋਂ ਇੱਕ ਹੈਂਡ ਗ੍ਰਨੇਡ ਅਤੇ ਜ਼ਿੰਦਾ ਗੋਲਾ ਬਾਰੂਦ ਬਰਾਮਦ ਕੀਤਾ ਗਿਆ ਸੀ। ਹੋਰ ਜਾਂਚ ਦੇ ਨਤੀਜੇ ਵਜੋਂ, ਇੱਕ ਪਾਕਿਸਤਾਨੀ ਨਾਗਰਿਕਾਂ ਦੀ ਗ੍ਰਿਫ਼ਤਾਰੀ ਹੋਈ ਅਤੇ ਸਥਾਨਕ ਸਹਾਇਤਾ ਨੈੱਟਵਰਕ ਦੇ ਮੈਂਬਰਾਂ ਅਤੇ ਸ਼ੱਕੀਆਂ ਦੀ ਪਛਾਣ ਕੀਤੀ ਗਈ।

---------------------------------------------------------------

ਪੰਜਾਬ ਵਿੱਚ ਅੱਜ ਸਾਰਾਗੜ੍ਹੀ ਦਿਵਸ ਦੇ ਮੌਕੇ 'ਅੱਜ , ਫਿਰੋਜ਼ਪੁਰ ਸਥਿਤ ਯਾਦਗਾਰ ਵਿਖੇ ਸਾਰਾਗੜ੍ਹੀ ਦੀ ਜੰਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਅੰਮ੍ਰਿਤਸਰ ਵਿੱਚ, 21 ਬਰਤਾਨਵੀ -ਭਾਰਤੀ ਸਿੱਖ ਸੈਨਿਕਾਂ ਦੀ ਯਾਦ ਵਿੱਚ ਸਾਰਾਗੜ੍ਹੀ ਗੁਰਦੁਆਰੇ ਵਿਖੇ ਅਖੰਡ ਪਾਠ ਸਾਹਿਬ ਦਾ ਭੋਗ ਪਾਇਆ ਗਿਆ। ਉਨ੍ਹਾਂ ਨੇ 12 ਸਤੰਬਰ 1897 ਨੂੰ ਵਜ਼ੀਰਿਸਤਾਨ ਵਿੱਚ ਸਾਰਾਗੜ੍ਹੀ ਕਿਲ੍ਹੇ ਦੀ ਰੱਖਿਆ ਕਰਦਿਆਂ 10 ਹਜ਼ਾਰ ਅਫ਼ਗਾਨ ਕਬਾਇਲੀਆਂ ਨਾਲ ਲੜਦੀਆਂ ਹੋਏ ਆਪਣੀ ਸਰਵਉੱਚ ਕੁਰਬਾਨੀ ਦਿੱਤੀ। ਫਿਰੋਜ਼ਪੁਰ ਵਿਖੇ ਕਰਵਾਏ ਗਏ ਇੱਕ ਰਾਜ ਪੱਧਰੀ ਸਮਾਗਮ ਵਿੱਚ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ, ਫੌਜੀ ਅਧਿਕਾਰੀਆਂ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪੰਜਾਬ ਦੇ

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਜੋ ਮੁੱਖ ਮਹਿਮਾਨ ਸਨ, ਨੇ ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਸਨਮਾਨ ਕੀਤਾ।

**ਹੋਰ ਵੇਰਵੇ ਨਾਲ ਪੇਸ਼ ਏ ਸਾਡੇ ਪੱਤਰਕਾਰ ਦੀ ਇੱਕ ਰਿਪੋਰਟ:**

*ਸਾਰਾਗੜ੍ਹੀ ਦੀ ਜੰਗ ਵਿਸ਼ਵ ਫੌਜੀ ਇਤਿਹਾਸ ਦੀਆਂ ਸਭ ਤੋਂ ਬੇਮਿਸਾਲ ਲੜਾਈਆਂ ਵਿੱਚੋਂ ਇੱਕ ਏ । ਅਜ ਤੋਂ 129 ਸਾਲ ਪਹਿਲਾਂ ਸਿੱਖ ਰੈਜੀਮੈਂਟ ਦੇ ਹਵਾਲਦਾਰ ਈਸ਼ਰ ਸਿੰਘ ਦੀ ਅਗਵਾਈ ਹੇਠ ਇਨ੍ਹਾਂ 21 ਬਹਾਦਰ ਸਿੱਖ ਸੈਨਿਕਾਂ ਨੇ ਮੌਜੂਦਾ ਪਾਕਿਸਤਾਨ ਵਿੱਚ ਸਥਿਤ ਖੈਬਰ ਪਖਤੂਨਖਵਾ ਦੇ ਸਮਾਣਾ ਪਿੰਡ ਵਿੱਚ ਅਫ਼ਗਾਨੀ ਕਬਾਇਲੀਆਂ ਵਿਰੁੱਧ ਆਪਣੇ ਆਖਰੀ ਸਾਹਾਂ ਤੱਕ ਲੜਾਈ ਲੜੀ ਸੀ। ਉਨ੍ਹਾਂ ਨੇ ਸੈਂਕੜੇ ਅਫ਼ਗਾਨੀ ਕਬਾਇਲੀਆਂ ਨੂੰ ਮਾਰ ਕੇ ਸਾਰਾਗੜ੍ਹੀ ਕਿਲ੍ਹੇ 'ਤੇ ਕਬਜ਼ਾ ਕਰਨ ਦੀਆਂ ਉਨ੍ਹਾਂ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਸੀ । ਇਸ ਯੁੱਧ ਵਿੱਚ ਮਰਨ ਵਾਲੇ ਇਹ ਬਹਾਦਰ ਜ਼ਿਆਦਾਤਰ ਪੰਜਾਬ ਦੇ ਮਾਝਾ ਖੇਤਰ ਦੇ ਸਨ। ਉਨ੍ਹਾਂ ਨੂੰ ਉਸ ਸਮੇਂ ਦੇ ਸਭ ਤੋਂ ਉੱਚੇ ਭਾਰਤੀ ਫੌਜੀ ਬਹਾਦਰੀ ਪੁਰਸਕਾਰ, ਇੰਡੀਅਨ ਆਰਡਰ ਆਫ਼ ਮੈਰਿਟ ਨਾਲ ਸਨਮਾਨਿਤ ਕੀਤਾ ਗਿਆ ਸੀ। ਇਹ ਪੁਰਸਕਾਰ ਵਰਤਮਾਨ ਵਿੱਚ ਪਰਮਵੀਰ ਚੱਕਰ ਦੇ ਬਰਾਬਰ ਏ ।*

*ਇਹ ਸੈਨਿਕ ਉਸ ਸਮੇਂ ਦੀ 36ਵੀਂ ਸਿੱਖ ਰੈਜੀਮੈਂਟ ਦਾ ਹਿੱਸਾ ਸਨ ਜਿਸਨੂੰ ਹੁਣ ਭਾਰਤੀ ਫੌਜ ਦੀ ਚੌਥੀ ਸਿੱਖ ਰੈਜੀਮੈਂਟ ਵਜੋਂ ਜਾਣਿਆ ਜਾਂਦਾ ਏ।*

*ਆਕਾਸ਼ਵਾਣੀ ਖ਼ਬਰਾਂ ਲਈ ਜਲੰਧਰ ਤੋਂ ਮੈਂ ਰਾਜੇਸ਼ ਬਾਲੀ*

-------------------------------------------------------

ਭਾਰਤ ਨੇ ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ, ਆਪਣੀ ਥਾਂ ਪੱਕੀ ਕਰ ਲਈ ਏ। ਚੀਨ ਦੇ ਮੋਕੀ 'ਚ ਖੇਡੇ ਗਏ ਪਹਿਲੇ

ਸੈਮੀਫਾਈਨਲ ਵਿੱਚ, ਭਾਰਤ ਨੇ ਦੱਖਣੀ ਕੋਰੀਆ ਨੂੰ 5-1 ਨਾਲ ਹਰਾਇਆ। ਭਾਰਤ ਵੱਲੋਂ ਸੁਪਰੀਆ ਨੇ ਹੈਟ੍ਰਿਕ ਲਗਾਈ, ਜਦਕਿ ਮਧੂ ਅਤੇ ਸੁਖਵੀਰ ਕੌਰ ਨੇ ਇੱਕ-ਇੱਕ ਗੋਲ ਕੀਤਾ।

ਹੁਣ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਮੇਜ਼ਬਾਨ ਚੀਨ ਨਾਲ ਹੋਵੇਗਾ।

----------------------------------------------------

ਯੂ.ਐਸ ਓਪਨ ਟੈਨਿਸ ਦੇ ਪੁਰਸ਼ ਸਿੰਗਲਜ਼ ਦੇ ਫਾਈਨਲ ਵਿੱਚ, ਅਮਰੀਕਾ ਦੇ ਬੇਨ ਸ਼ੈਲਟਨ ਦਾ ਮੁਕਾਬਲਾ ਜਰਮਨੀ ਦੇ ਅਲੈਗਜ਼ੈਂਡਰ ਜ਼ਵੇਰੇਵ ਨਾਲ ਹੋਵੇਗਾ।

ਅੱਜ ਪਹਿਲੇ ਸੈਮੀਫਾਈਨਲ ਵਿੱਚ ਅਲੈਗਜ਼ੈਂਡਰ ਜ਼ਵੇਰੇਵ ਨੇ ਰੂਸ ਦੇ ਖਿਡਾਰੀ ਕਰਨ ਖਾਚਾਨੋਵ ਨੂੰ ਹਰਾਇਆ। ਇੱਕ ਹੋਰ ਸੈਮੀਫਾਈਨਲ ਵਿੱਚ, ਬੇਨ ਸ਼ੈਲਟਨ ਨੇ ਅਮਰੀਕਾ ਦੇ ਹੀ ਫਰਾਂਸਿਸ ਟਿਆਫੋ ਨੂੰ ਹਰਾਇਆ।

----------------------------------------------------

- 18ਵਾਂ ਬ੍ਰਿਕਸ ਸਿਖ਼ਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋਇਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਭਾਰਤ ਦੀ ਬ੍ਰਿਕਸ ਪ੍ਰਧਾਨਗੀ, ਲੋਕ-ਕੇਂਦਰਿਤ ਪਹੁੰਚ 'ਤੇ ਅਧਾਰਤ ਏ।

- ਸਿਖ਼ਰ ਸੰਮੇਲਨ ਦੇ ਪਹਿਲੇ ਦਿਨ, ਅਪਣਾਏ ਗਏ ਨਵੀਂ ਦਿੱਲੀ ਐਲਾਨਨਾਮੇ ਵਿੱਚ, ਬ੍ਰਿਕਸ ਦੇਸ਼ਾਂ ਨੇ ਦੁਨੀਆ ਦੇ ਕਈ ਹਿੱਸਿਆਂ ਵਿੱਚ ਟਕਰਾਅ ਅਤੇ ਅੰਤਰਰਾਸ਼ਟਰੀ ਨਿਜ਼ਾਮ ਵਿੱਚ ਵਧ ਰਹੇ ਧਰੁਵੀਕਰਨ ਅਤੇ ਧੜੇਬੰਦੀ 'ਤੇ ਚਿੰਤਾ ਪ੍ਰਗਟ ਕੀਤੀ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ 18ਵੇਂ ਬ੍ਰਿਕਸ ਸੰਮੇਲਨ ਦੌਰਾਨ, ਕਈ ਦੇਸ਼ਾਂ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ।

- NIA ਨੇ ਜੰਮੂ-ਕਸ਼ਮੀਰ ਵਿੱਚ, ਪਾਬੰਦੀਸ਼ੁਦਾ ਦਹਿਸ਼ਤਗਰਦ ਧੜੇ, ਲਸ਼ਕਰ-ਏ-ਤਾਇਬਾ ਨਾਲ ਜੁੜੇ ਨੈੱਟਵਰਕ ਦੇ ਮਾਮਲੇ ਵਿੱਚ ਤਲਾਸ਼ੀ ਮੁਹਿੰਮ ਚਲਾਈ।

- ਭਾਰਤ, ਦੱਖਣੀ ਕੋਰੀਆ ਨੂੰ 5-1 ਨਾਲ ਹਰਾ ਕੇ, ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ।

---------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ ਸਾਢੇ 8 ਵਜੇ ਹੋਏਗਾ। ਨਮਸਕਾਰ!**